**ਦਫਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।**

**(ਫੁਟਕਲ ਸ਼ਾਖਾ)**

**<u>ਫੌਜ਼ਦਾਰੀ ਧਾਰਾ 144 ਅਧੀਨ ਹੁਕਮ</u>**

ਲੋਕ ਸਭਾ ਚੋਣਾਂ-2019 ਪੰਜਾਬ ਰਾਜ ਵਿੱਚ ਮਿਤੀ 19/05/2019 ਨੂੰ ਹੋਣੀਆਂ ਨਿਯਤ ਹੋਈਆ ਹਨ ਅਤੇ ਇਨ੍ਹਾਂ ਵੋਟਾ ਦੀ ਗਿਣਤੀ ਮਿਤੀ 23/05/2019 ਨੂੰ ਹੋਣੀ ਹੈ। ਅਮਨ ਤੇ ਕਾਨੂੰਨ ਨੂੰ ਕਾਇਮ ਰੱਖਣ, ਚੋਣਾ ਦੀ ਪ੍ਰੀਕਿਰਿਆ ਸਹੀ ਤਰੀਕੇ ਨਾਲ ਨੇਪਰੇ ਚਾੜ੍ਹਨ ਅਤੇ ਲੋਕ ਹਿਤ ਵਿੱਚ ਸ਼ਾਂਤੀ ਬਰਕਰਾਰ ਰੱਖਣ ਲਈ ਜ਼ਿਲ੍ਹੇ ਦੀ ਹਦੂਦ ਅੰਦਰ ਕਿਸੇ ਕਿਸਮ ਦੇ ਅਗਨ ਸ਼ਾਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ ਵਸਤਾਂ ਅਤੇ ਤੇਜ ਧਾਰ ਹਥਿਆਰ ਜਿਵੇਂ ਕਿ ਟਾਕੂਏ, ਬਰਛੇ, ਤ੍ਰਿਸੂਲ ਆਦਿ ਸ਼ਾਮਲ ਹਨ ਨੂੰ ਚੁੱਕਣ ਤੇ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ ਅਤੇ ਅਸਲਾ ਧਾਰਕਾ ਦਾ ਅਸਲਾ ਜਮ੍ਹਾਂ ਕਰਵਾਉਣਾ ਉਚਿਤ ਹੋਵੇਗਾ।

ਇਸ ਲਈ ਮੈਂ ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ. ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੀ ਹਦੂਦ ਅੰਦਰ ਫੋਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਇਹ ਹੁਕਮ ਜਾਰੀ ਕਰਦੀ ਹਾਂ ਕਿ ਕੋਈ ਵੀ ਵਿਅਕਤੀ ਜ਼ਿਲ੍ਹੇ ਦੀ ਹਦੂਦ ਅੰਦਰ ਕਿਸੇ ਕਿਸਮ ਦੇ ਅਗਨ ਸ਼ਾਸ਼ਤਰ, ਅਸਲਾ, ਵਿਸਫੋਟਕ ਜਲਣਸ਼ੀਲ ਵਸਤਾਂ ਅਤੇ ਤੇਜ ਧਾਰ ਹਥਿਆਰ ਜਿਵੇਂ ਕਿ ਟਾਕੂਏ, ਬਰਛੇ, ਤ੍ਰਿਸੂਲ ਆਦਿ ਸ਼ਾਮਲ ਹਨ ਨੂੰ ਲੈ ਕੇ ਨਹੀਂ ਚੱਲੇਗਾ ਅਤੇ ਅਸਲਾ ਧਾਰਕ ਆਪਣਾ ਅਸਲਾ ਨੇੜੇ ਦੇ ਪੁਲਿਸ ਸਟੇਸ਼ਨਾ ਅਤੇ ਅਧਿਕਾਰਤ ਅਸਲਾ ਡੀਲਰਾ ਪਾਸ ਤੁਰੰਤ ਜਮ੍ਹਾਂ ਕਰਵਾਉਣਗੇ।

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ.ਨਗਰ ਇਸ ਹੁਕਮ ਨੂੰ ਲਾਗੂ ਕਰਵਾਉਣ ਲਈ ਜਿੰਮੇਵਾਰ ਹੋਣਗੇ। ਅਸਲਾ ਡੀਲਰ ਅਸਲਾ ਧਾਰਕਾ ਦਾ ਅਸਲਾ ਆਪਣੇ ਪਾਸ ਜਮ੍ਹਾਂ ਕਰਵਾਉਣ ਲਈ ਅਸਲਾ ਐਕਟ ਦੀ ਧਾਰਾਵਾ ਤਹਿਤ ਲੋੜ ਅਨੁਸਾਰ ਜਗ੍ਹਾਂ ਦਾ ਪ੍ਰਬੰਧ ਕਰਨਗੇ।

ਇਹ ਹੁਕਮ ਮਿਤੀ 11/03/2019 ਤੋਂ ਮਿਤੀ 10/05/2019 ਤੱਕ ਜ਼ਿਲ੍ਹੇ ਵਿੱਚ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਇਹ ਹੁਕਮ ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸਜ਼, ਬਾਵਰਦੀ ਪੁਲਿਸ ਕਰਮਚਾਰੀਆ ਅਤੇ ਜਿਨਾਂ ਨੂੰ ਧਾਰਮਿਕ ਤੌਰ ਤੇ ਰੀਤੀ ਰਿਵਾਜਾਂ ਕਾਰਨ ਹਥਿਆਰ ਚੁੱਕਣ ਦੇ ਅਧਿਕਾਰ ਹਨ, ਉਨ੍ਹਾਂ ਤੇ ਲਾਗੂ ਨਹੀਂ ਹੋਵੇਗਾ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਜਾਰੀ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਐਸ.ਏ.ਐਸ.ਨਗਰ ਦੇ ਇਲਾਕਿਆਂ ਵਿੱਚ ਢੋਲ ਵਜਾ ਕੇ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਐਸ.ਏ.ਐਸ.ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਓ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 11/03/2019 ਨੂੰ ਮੇਰੇ ਹਸਤਾਖ਼ਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

District Magistrate S.A.S. Nagar

ਸਹੀ/-
ਗੁਰਪ੍ਰੀਤ ਕੌਰ ਸਪਰਾ, ਆਈ.ਏ.ਐਸ,
ਜ਼ਿਲ੍ਹਾ ਮੈਜਿਸਟਰੇਟ-ਕਮ-ਜ਼ਿਲ੍ਹਾ ਚੋਣ ਅਫ਼ਸਰ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ:4202-4260 ਐਮ.ਸੀ-1 ਮਿਤੀ: 11/03/2018

ਇਸ ਦਾ ਇੱਕ ਉਤਾਰਾ ਨਿਮਨ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਮੁੱਖ ਚੋਣ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
3. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਿਹ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
4. ਕਮਿਸ਼ਨਰ,ਰੂਪਨਗਰ ਮੰਡਲ, ਰੂਪਨਗਰ।
5. ਡੀ.ਆਈ.ਜੀ. ਰੇਜ, ਰੂਪਨਗਰ।
6. ਜਿਲਾ ਅਤੇ ਸ਼ੈਸ਼ਨ ਜੱਜ, ਰੂਪਨਗਰ।
7. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ
8. ਸੀਨੀਅਰ ਪੁਲਿਸ ਕਪਤਾਨ,ਐਸ.ਏ.ਐਸ.ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਪਠਾਨਕੋਟ, ਫਾਜ਼ਿਲਕਾ।
10. ਜਿਲਾ ਮੈਜਿਸਟਰੇਟ ਚੰਡੀਗੜ੍ਹ/ਪੰਚਕੁਲਾ
11. ਪ੍ਰਸ਼ਾਸ਼ਕ, ਮਿਊਂਸਪਲ ਕਮੇਟੀ, ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਉਪ ਮੰਡਲ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਖਰੜ, ਡੇਰਾਬਸੀ।
13. ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
14. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਜਿਲਾ ਵਿਕਾਸ ਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
17. ਤਹਿਸੀਲਦਾਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਖਰੜ, ਡੇਰਾਬਸੀ।
18. ਤਹਿਸੀਲਦਾਰ, ਚੋਣਾਂ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਬੀ.ਡੀ.ਪੀ.ਓ, ਮਾਜਰੀ, ਖਰੜ, ਡੇਰਾਬਸੀ।
20. ਕਾਰਜ ਸਾਧਕ ਅਫ਼ਸਰ, ਮਿਊਂਸਪਲ ਕਮੇਟੀ,ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਉ/ਜੀਰਕਪੁਰ/ਬਨੂੜ/ ਲਾਲੜੂ।
21. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
22. ਸਕੱਤਰ ਮਾਰਕੀਟ ਕਮੇਟੀ ਖਰੜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ,ਡੇਰਾਬਸੀ,ਕੁਰਾਲੀ।
23. ਪੀ.ਏ.ਟੂ ਡੀ.ਸੀ.ਸਟੈਨੋ ਟੂ ਏ.ਡੀ.ਸੀ. (ਜ)/ਏ.ਡੀ.ਸੀ.(ਵਿ),ਸਟੈਨੋ ਟੂ ਏ.ਸੀ.(ਜੀ), ਸਟੈਨੋ ਟੂ ਸਹਾਇਕ ਕਮਿਸ਼ਨਰ (ਸਿ), ਸਟੈਨੋ ਟੂ.ਡੀ.ਆਰ.ਓ.ਨੂੰ ਅਫ਼ਸਰ ਸਾਹਿਬਾਨ ਦੀ ਸੂਚਨਾ ਹਿੱਤ।

ਸੁਪਰਡੰਟ ਗ੍ਰੇਡ-1,
ਵਾ:ਜਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।